# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 01-07-2024**

ਦੇਸ਼ ਵਿਚ ਬੀਤੀ ਰਾਤ ਜਿਵੇਂ ਹੀ ਘੜੀ ਦੀ ਵੱਡੀ ਅਤੇ ਛੋਟੀ ਸੂਈ 12 'ਤੇ ਪਹੁੰਚੀ ਤਾਂ 1 ਜੁਲਾਈ ਦੀ ਤਾਰੀਖ ਨੇ ਭਾਰਤੀ ਦੰਡਾਵਲੀ ਵਿਚ ਇਕ ਨਵਾਂ ਇਤਿਹਾਸ ਲਿਖ ਦਿੱਤਾ । ਆਈਪੀਸੀ, ਸੀਆਰਪੀਸੀ ਅਤੇ ਇੰਡੀਅਨ ਐਵੀਡੈਂਸ ਐਕਟ ਦੀ ਥਾਂ ਤਿੰਨ ਨਵੇਂ ਕਾਨੂੰਨ ਅਰਥਾਤ ਭਾਰਤੀ ਨਿਆਂ ਸੰਹਿਤਾ, ਭਾਰਤੀ ਸਿਵਲ ਰੱਖਿਆ ਕੋਡ ਅਤੇ ਭਾਰਤੀ ਸਬੂਤ ਕਾਨੂੰਨ ਲਾਗੂ ਹੋ ਗਏ ਨੇ । ਨਵੇਂ ਕਾਨੂੰਨਾਂ ਵਿੱਚ ਤੇਜ਼ੀ ਨਾਲ ਨਿਆਂ ਯਕੀਨੀ ਬਣਾਉਣ ਲਈ ਐਫ ਆਈ ਆਰ ਤੋਂ ਲੈ ਕੇ ਫੈਸਲੇ ਤੱਕ ਦੀ ਸਮਾਂ ਸੀਮਾ ਤੈਅ ਕੀਤੀ ਗਈ ਏ ।

-----------------------------------------------------

ਪੈਰਿਸ ਓਲੰਪਿਕ ਲਈ ਜਾਣ ਵਾਲੇ ਭਾਰਤੀ ਅਥਲੀਟਾਂ ਨੂੰ ਬੀਤੀ ਸ਼ਾਮ ਨਵੀਂ ਦਿੱਲੀ ਵਿੱਚ ਭਾਰਤੀ ਓਲੰਪਿਕ ਸੰਘ ਆਈ ਓ ਏ ਵੱਲੋਂ ਕਰਾਏ ਗਏ

ਇੱਕ ਸਮਾਗਮ ਵਿੱਚ ਰਸਮੀ ਵਿਦਾਇਗੀ ਦਿੱਤੀ ਗਈ ਅਤੇ ਭਾਰਤੀ ਦਲ ਦੇ ਕਿੱਟ ਦਾ ਉਦਘਾਟਨ ਕੀਤਾ ਗਿਆ। ਨੌਜੁਆਨ ਮਾਮਲਿਆਂ ਤੇ ਖੇਡਾਂ ਅਤੇ ਕਿਰਤ ਤੇ ਰੁਜ਼ਗਾਰ ਬਾਰੇ ਕੇਂਦਰੀ ਮੰਤਰੀ ਡਾ. ਮਨਸੁਖ ਮਾਂਡਵੀਆ, ਕੇਂਦਰੀ ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਅਤੇ ਭਾਰਤੀ ਓਲੰਪਿਕ ਸੰਘ ਦੇ ਪ੍ਰਧਾਨ ਤੇ ਰਾਜ ਸਭਾ ਮੈਂਬਰ, ਡਾ. ਪੀ.ਟੀ. ਊਸ਼ਾ ਨੇ ਭਾਰਤੀ ਟੀਮ ਦੀਆਂ ਤਿੰਨ ਕਿੱਟਾਂ ਦਾ ਉਦਘਾਟਨ ਕੀਤਾ। ਆਤਮਵਿਸ਼ਵਾਸੀ ਐਥਲੀਟਾਂ ਵਲੋਂ ਰੈਂਪ- ਵਾਕ ਵਿੱਚ ਜੇ ਐਸ ਡਬਲਯੂ ਇੰਸਪਾਇਰ ਵਲੋਂ ਡਿਜ਼ਾਈਨ ਕੀਤੀਆਂ ਪਲੇ ਕਿੱਟਾਂ, ਤਰੁਣ ਤਹਿਲਿਆਨੀ ਦੀ ਮਲਕੀਅਤ ਵਾਲੇ ਟੀ ਏ ਐਸ ਵੀ ਏ ਵਲੋਂ ਡਿਜ਼ਾਇਨ ਰਸਮੀ ਪਹਿਰਾਵਾ ਅਤੇ ਪੂਮਾ ਵਲੋਂ ਪ੍ਰਦਰਸ਼ਨ ਵਾਲੇ ਜੁੱਤੇ ਤੇ ਟਰੈਵਲ ਗੀਅਰ ਸਮੇਤ ਕਿੱਟ ਦਾ ਪ੍ਰਦਰਸ਼ਨ ਕੀਤਾ ਗਿਆ।

-----------------------------------------------------------

ਪੰਜਾਬ ਸਰਕਾਰ ਨੇ ਸੂਬੇ ਦੀ ਲੀਚੀ ਨੂੰ ਵਿਦੇਸ਼ਾਂ ਵਿੱਚ ਭੇਜਣ ਦੀ ਸ਼ੁਰੂਆਤ ਕਰ ਦਿੱਤੀ ਏ। ਬਾਗ਼ਬਾਨੀ ਵਿਭਾਗ ਨੇ ਖੇਤੀਬਾੜੀ ਤੇ ਪ੍ਰੋਸੈਸਡ ਫ਼ੂਡ ਪ੍ਰੋਡਕਟਸ ਐਕਸਪੋਰਟ ਡਿਵੈਲਪਮੈਂਟ ਅਥਾਰਟੀ ਅਪੇਡਾ

ਦੇ ਸਹਿਯੋਗ ਨਾਲ ਸੂਬੇ ਦੇ ਨੀਮ ਪਹਾੜੀ ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਦੀ ਲੀਚੀ ਦੀ ਪਹਿਲੀ ਖੇਪ ਨੂੰ ਬਾਗ਼ਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਆਨਲਾਈਨ ਵਿਧੀ ਰਾਹੀਂ ਹਰੀ ਝੰਡੀ ਦੇ ਕੇ ਇੰਗਲੈਂਡ ਲਈ ਰਵਾਨਾ ਕੀਤਾ। ਉਨਾਂ ਦੱਸਿਆ ਕਿ ਸੂਬੇ ਵਿੱਚ ਕੁੱਲ 3250 ਹੈਕਟੇਅਰ ਰਕਬੇ ਵਿੱਚ ਲੀਚੀ ਦੀ ਕਾਸ਼ਤ ਕੀਤੀ ਜਾਂਦੀ ਏ ਅਤੇ ਇਸ ਦੀ ਪੈਦਾਵਾਰ ਕਰੀਬ 13 ਹਜ਼ਾਰ ਮੀਟਰਕ ਟਨ ਏ । ਉਨ੍ਹਾਂ ਦੱਸਿਆ ਕਿ ਪਠਾਨਕੋਟ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਜ਼ਿਲ੍ਹਿਆਂ ਵਿੱਚ ਲੀਚੀ ਲਈ ਅਨੁਕੂਲ ਵਾਤਾਵਰਣ ਹੋਣ ਕਾਰਨ ਇੱਥੋਂ ਦੀ ਲੀਚੀ ਦਾ ਕੁਦਰਤੀ ਗੂੜ੍ਹਾ ਲਾਲ ਰੰਗ ਅਤੇ ਮਿਠਾਸ ਦੂਜੇ ਸੂਬਿਆਂ ਦੇ ਮੁਕਾਬਲੇ ਬਹੁਤ ਹੀ ਵਧੀਆ ਏ।

---------------------------------------------------------------

ਪੰਜਾਬ ਵਿਚ ਖੇਤੀ ਭਿੰਨਤਾ ਬਾਰੇ ਯੋਜਨਾ ਨੂੰ ਵੱਡੇ ਪੱਧਰ ‘ਤੇ ਸਫ਼ਲ ਬਣਾਉਣ ਲਈ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ ਸਾਉਣੀ ਦੀ ਮੱਕੀ ਦੇ ਹਾਈਬ੍ਰਿਡ ਬੀਜਾਂ ’ਤੇ ਸਬਸਿਡੀ ਦੇਣ ਅਤੇ 4700 ਹੈਕਟੇਅਰ ਰਕਬੇ ਉਤੇ ਮੱਕੀ ਦੀਆਂ ਪ੍ਰਦਰਸ਼ਨੀਆਂ ਲਗਾਉਣ ਦਾ ਫੈਸਲਾ ਕੀਤਾ ਏ।

ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਪੀ.ਏ.ਯੂ ਵੱਲੋਂ ਪ੍ਰਮਾਣਿਤ ਅਤੇ ਸਿਫ਼ਾਰਸ਼ ਕੀਤੇ ਹਾਈਬ੍ਰਿਡ ਮੱਕੀ ਦੇ ਪ੍ਰਤੀ 1 ਕਿਲੋਗ੍ਰਾਮ ਬੀਜ ਦੀ ਖਰੀਦ ’ਤੇ ਕਿਸਾਨ 100 ਰੁਪਏ ਦੀ ਸਬਸਿਡੀ ਦਾ ਲਾਭ ਲੈ ਸਕਦੇ ਨੇ। ਹਾਈਬ੍ਰਿਡ ਸਾਉਣੀ ਦੀ ਮੱਕੀ ਦੇ ਬੀਜਾਂ ਲਈ ਸਬਸਿਡੀ ਪ੍ਰਤੀ ਕਿਸਾਨ ਵੱਧ ਤੋਂ ਵੱਧ 5 ਏਕੜ ਰਕਬਾ ਜਾਂ 40 ਕਿਲੋਗ੍ਰਾਮ ਬੀਜ ਲਈ ਮੁਹੱਈਆ ਕਰਵਾਈ ਜਾਵੇਗੀ। ਕਿਸਾਨਾਂ ਨੂੰ ਕੁੱਲ 2300 ਕੁਇੰਟਲ ਮੱਕੀ ਦਾ ਬੀਜ ਸਬਸਿਡੀ ’ਤੇ ਉਪਲਬਧ ਕਰਵਾਇਆ ਜਾਵੇਗਾ।

--------------------------------------------------

ਪੰਜਾਬ ਸਰਕਾਰ ਸਾਫ਼-ਸੁਥਰਾ ਤੇ ਹਰਿਆ ਭਰਿਆ ਵਾਤਾਵਰਣ ਯਕੀਨੀ ਬਣਾਉਣ ਲਈ ਹਰ ਸੰਭਵ ਕਦਮ ਚੁੱਕ ਰਹੀ ਏ। ਨਗਰ ਵਣ ਯੋਜਨਾ ਸਕੀਮ ਤਹਿਤ ਭਾਰਤ ਸਰਕਾਰ ਪਾਸੋਂ ਸਾਲ 2023- 24 ਦੌਰਾਨ 12 ਨਵੇਂ ਨਗਰ ਵਣ / ਵਾਟੀਕਾ ਪ੍ਰੋਜੈਕਟ ਪ੍ਰਵਾਨ ਕਰਵਾਏ ਗਏ ਨੇ। ਇਸ ਵਿੱਚ ਕੁੱਲ 2 ਕਰੋੜ 65 ਲੱਖ ਰੁਪਏ ਤੋਂ ਵੱਧ ਦੀ ਰਕਮ ਖਰਚ ਕੀਤੀ ਜਾਏਗੀ।